# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

---

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜਰ
3. ਸਮੂਹ ਸਕੂਲ ਮੁਖੀ (ਵੈੱਬ-ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/33686-33726
ਮਿਤੀ,ਚੰਡੀਗੜ੍ਹ 26 ਅਪ੍ਰੈਲ 2010

**ਵਿਸ਼ਾ:-** **ਨੌਵੀਂ ਜਮਾਤ ਦੇ ਦਾਖਲੇ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਇਸ ਦਫ਼ਤਰ ਵੱਲੋਂ ਪਹਿਲਾਂ ਵੀ ਮਿਤੀ 01-04-2010 ਤੋਂ ਬਕਾਇਦਾ ਸਾਰੀਆਂ ਜਮਾਤਾਂ ਲਗਾਉਣ ਦੀ ਹਦਾਇਤ ਕੀਤੀ ਜਾ ਚੁੱਕੀ ਹੈ ਪਰ ਇਸ ਦਫ਼ਤਰ ਨੂੰ ਫੀਲਡ ਵਿੱਚੋਂ ਕੁੱਝ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਹਨ ਕਿ ਨੌਵੀਂ ਅਤੇ ਗਿਆਰਵੀਂ ਜਮਾਤਾਂ ਵਿੱਚ ਸਕੂਲ ਮੁਖੀਆਂ ਵੱਲੋਂ ਵਿਦਿਆਰਥੀਆਂ ਨੂੰ ਦਾਖਲ ਨਹੀਂ ਕੀਤਾ ਜਾ ਰਿਹਾ। ਇਸ ਲਈ ਸਮੂਹ ਸਕੂਲ ਮੁਖੀਆਂ ਨੂੰ ਸਖ਼ਤ ਹਦਾਇਤ ਕੀਤੀ ਜਾਂਦੀ ਹੈ ਕਿ ਉਪਰੋਕਤ ਦੋਵਾਂ ਜਮਾਤਾਂ ਲਈ ਸਮੈਸਟਰ ਸਿਸਟਮ ਲਾਗੂ ਹੋ ਚੁੱਕਾ ਹੈ। ਜਿਸ ਤਹਿਤ ਪਹਿਲੇ ਸਮੈਸਟਰ ਦੀ ਪੜ੍ਹਾਈ ਮਿਤੀ 01-04-2010 ਤੋਂ ਬਕਾਇਦਾ ਸ਼ੁਰੂ ਹੋ ਜਾਣੀ ਚਾਹੀਦੀ ਹੈ। ਜਿਸ ਦੀ ਪਹਿਲੇ ਸਮੈਸਟਰ ਦੀ ਫਾਈਨਲ ਪ੍ਰੀਖਿਆ ਸਤੰਬਰ ਮਹੀਨੇ ਵਿੱਚ ਹੋਣੀ ਨੀਯਤ ਹੈ।ਇਸ ਲਈ ਆਪ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਅੱਠਵੀਂ ਸ਼੍ਰੇਣੀ ਦੀ ਸਲਾਨਾ ਪ੍ਰੀਖਿਆ ਵਿੱਚ ਅਪੀਅਰ ਹੋਏ ਵਿਦਿਆਰਥੀਆਂ ਨੂੰ ਨੌਵੀਂ ਸ਼੍ਰੇਣੀ ਵਿੱਚ ਆਰਜੀ ਦਾਖ਼ਲਾ ਦਿੱਤਾ ਜਾਵੇ। ਇਸ ਤੋਂ ਇਲਾਵਾ ਦਸਵੀਂ ਸ਼੍ਰੇਣੀ ਦੀ ਸਲਾਨਾ ਪ੍ਰੀਖਿਆ ਵਿੱਚ ਅਪੀਅਰ ਹੋਇਆ ਵਿਦਿਆਰਥੀ ਜੇਕਰ ਗਿਆਰਵੀਂ ਸ਼੍ਰੇਣੀ ਵਿੱਚ ਦਾਖ਼ਲਾ ਲੈਣਾ ਚਾਹੁੰਦਾ ਹੋਵੇ ਤਾਂ ਉਸ ਨੂੰ ਵੀ ਆਰਜੀ ਦਾਖ਼ਲ ਹੋਣ ਨੂੰ ਇਨਕਾਰ ਨਾ ਕੀਤਾ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**